**ਪਉੜੀ ॥ ਸਭੁ ਜਗੁ ਫਿਰਿ ਮੈ ਦੇਖਿਆ ਹਰਿ ਇਕੋ ਦਾਤਾ ॥ ਉਪਾਇ ਕਿਤੈ ਨ ਪਾਈਐ ਹਰਿ ਕਰਮ ਬਿਧਾਤਾ ॥ ਗੁਰ ਸਬਦੀ ਹਰਿ ਮਨਿ ਵਸੈ ਹਰਿ ਸਹਜੇ ਜਾਤਾ ॥ ਅੰਦਰਹੁ ਤ੍ਰਿਸਨਾ ਅਗਨਿ ਬੁਝੀ ਹਰਿ ਅੰਮ੍ਰਿਤ ਸਰਿ ਨਾਤਾ ॥ ਵਡੀ ਵਡਿਆਈ ਵਡੇ ਕੀ ਗੁਰਮੁਖਿ ਬੋਲਾਤਾ ॥੬॥**

**{ਪੰਨਾ 510}**

ਪਦਅਰਥ:- ਫਿਰਿ—ਭਉਂ ਕੇ। ਉਪਾਇ ਕਿਤੈ—ਕਿਸੇ ਢੰਗ ਨਾਲ। ਕਰਮ ਵਿਧਾਤਾ—ਕਰਮਾਂ ਦੀ ਬਿਧ ਬਨਾਣ ਵਾਲਾ, ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਜੀਵਾਂ ਨੂੰ ਪੈਦਾ ਕਰਨ ਵਾਲਾ। ਮਨਿ—ਮਨ ਵਿਚ। ਅੰਮ੍ਰਿਤਸਰਿ—ਅੰਮ੍ਰਿਤ ਦੇ ਸਰ ਵਿਚ। ਹਰਿ ਅੰਮ੍ਰਿਤਸਰਿ—ਹਰੀ ਦੇ ਨਾਮ ਅੰਮ੍ਰਿਤ ਦੇ ਸਰੋਵਰ ਵਿਚ। ਬੋਲਾਤਾ—ਬੁਲਾਂਦਾ ਹੈ, ਆਪਣੀ ਸਿਫ਼ਤਿ ਕਰਾਂਦਾ ਹੈ।

ਅਰਥ:- ਮੈਂ ਸਾਰਾ ਸੰਸਾਰ ਟੋਲ ਕੇ ਵੇਖ ਲਿਆ ਹੈ, ਇਕ ਪਰਮਾਤਮਾ ਹੀ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ; ਜੀਵਾਂ ਦੇ ਕਰਮਾਂ ਦੀ ਬਿਧ ਬਨਾਣ ਵਾਲਾ ਉਹ ਪ੍ਰਭੂ ਕਿਸੇ ਚਤੁਰਾਈ ਸਿਆਣਪ ਨਾਲ ਨਹੀਂ ਲੱਭਦਾ; ਸਿਰਫ਼ ਗੁਰੂ ਦੇ ਸ਼ਬਦ ਦੁਆਰਾ ਹਿਰਦੇ ਵਿਚ ਵੱਸਦਾ ਹੈ ਤੇ ਸੌਖਾ ਹੀ ਪਛਾਣਿਆ ਜਾ ਸਕਦਾ ਹੈ।

ਜੋ ਮਨੁੱਖ ਪ੍ਰਭੂ ਦੇ ਨਾਮ-ਅੰਮ੍ਰਿਤ ਦੇ ਸਰੋਵਰ ਵਿਚ ਨ੍ਹਾਉਂਦਾ ਹੈ ਉਸ ਦੇ ਅੰਦਰੋਂ ਤ੍ਰਿਸਨਾ ਦੀ ਅੱਗ ਬੁਝ ਜਾਂਦੀ ਹੈ; ਇਹ ਉਸ ਵੱਡੇ ਦੀ ਵਡਿਆਈ ਹੈ ਕਿ (ਜੀਵ ਪਾਸੋਂ) ਗੁਰੂ ਦੀ ਰਾਹੀਂ ਆਪਣੀ ਸਿਫ਼ਤਿ-ਸਾਲਾਹ ਕਰਾਂਦਾ ਹੈ।6।